## ਜ਼ਰੂਰੀ ਹਦਾਇਤਾਂ

## ਨਿਊ ਵੋਕੇਸ਼ਨਲ ਟ੍ਰੇਨਿੰਗ ਇੰਨ ਆਈ.ਟੀ.ਆਈਜ਼ ਫਾਰ ਸ਼ਡਿਊਲਡ ਕਾਸਟਸ ਸਕੀਮ 2023

1. ਅਨੁਸੂਚਿਤ ਜਾਤੀ ਦੇ ਉਮੀਦਵਾਰਾਂ ਵਲੋਂ ਮਿਤੀ 22-09-2023 ਨੂੰ ਸ਼ਾਮ 05.00 ਵਜੇ ਤੱਕ ਸੰਸਥਾ ਵਿਖੇ ਆਪਣੀ ਅਰਜੀ ਦਿੰਦੇ ਹੋਏ ਹਾਜਰੀ ਲਗਾਈ ਜਾਵੇ ਅਤੇ ਵੈਬਸਾਈਟ www.itipunjab.nic.in ਤੇ ਰਜਿਸ਼ਟਰੇਸ਼ਨ ਕੀਤੀ ਜਾਵੇ। ਇਸ ਸਕੀਮ ਤਹਿਤ ਦਾਖਲੇ ਲਈ ਰਜਿਸ਼ਟਰੇਸ਼ਨ ਕਰਵਾਈ ਜਾਣੀ ਲਾਜਮੀ ਹੋਵੇਗੀ। ਮਿਤੀ 23-09-2023 ਨੂੰ ਮੈਰਿਟ ਦੇ ਆਧਾਰ ਤੇ ਦਾਖਲਾ ਹੋਵੇਗਾ।
2. ਕੋਵਿਡ-19 ਕਾਰਨ ਰਾਜ ਸਰਕਾਰ ਅਤੇ ਭਾਰਤ ਸਰਕਾਰ ਦੀਆਂ ਗਾਈਡ ਲਾਈਨਜ਼ ਦੀ ਇੰਨ-ਬਿੰਨ ਪਾਲਣਾ ਕੀਤੀ ਜਾਵੇ।
3. ਦਾਖਲੇ ਦੀ ਇੰਟਰਵਿਊ ਲਈ ਉਮੀਦਵਾਰਾਂ ਨੂੰ ਕੋਈ ਵੱਖਰਾ ਸੱਦਾ ਪੱਤਰ ਨਹੀਂ ਭੇਜਿਆ ਜਾਵੇਗਾ।
4. ਉਮੀਦਵਾਰ ਚੋਣ ਵਾਲੇ ਦਿਨ ਆਪਣੀਆਂ ਯੋਗਤਾਵਾਂ ਦੇ ਅਸਲ ਸਰਟੀਫਿਕੇਟ ਨਾਲ ਲਿਆਉਣਗੇ।
5. ਦਾਖਲੇ ਲਈ ਜਿੰਨੀਆਂ ਅਰਜ਼ੀਆਂ ਪ੍ਰਾਪਤ ਹੁੰਦੀਆਂ ਹਨ, ਉਨਾਂ ਦੀ ਇਕੋ ਹੀ ਮੈਰਿਟ ਲਿਸਟ ਤਿਆਰ ਕੀਤੀ ਜਾਵੇਗੀ।
6. ਅਨੁਸੂਚਿਤ ਜਾਤੀ ਨਾਲ ਸਬੰਧਤ ਉਮੀਦਵਾਰ ਆਪਣੀ ਸੀਟ ਦੇ ਕਲੇਮ ਸਬੰਧੀ ਸਮਰੱਥ ਅਧਿਕਾਰੀ ਤੋਂ ਜਾਰੀ ਕੀਤਾ ਅਸਲ ਜਾਤੀ ਸਰਟੀਫਿਕੇਟ ਅਤੇ ਢਾਈ ਲੱਖ ਰੁਪਏ ਤੋਂ ਘੱਟ ਸਲਾਨਾ ਆਮਦਨ ਸਰਟੀਫਿਕੇਟ ਨਾਲ ਲੈ ਕੇ ਆਉਣਗੇ। ਇੰਟਰਵਿਊ ਦੀ ਮਿਤੀ ਨੂੰ ਅਜਿਹੇ ਸਬੂਤ ਪੇਸ਼ ਨਾ ਕਰਨ ਦੀ ਸੂਰਤ ਵਿੱਚ ਉਸ ਨੂੰ ਦਾਖਲੇ ਲਈ ਵਿਚਾਰਿਆ ਨਹੀਂ ਜਾਵੇਗਾ।
7. ਜੇਕਰ ਕੌਂਸਲਿੰਗ ਸੂਰੂ ਹੋਣ ਤੇ ਆਪਣੀ ਮੈਰਿਟ ਅਨੁਸਾਰ ਉਮੀਦਵਾਵਰ ਹਾਜ਼ਰ ਨਹੀਂ ਹੁੰਦਾ ਤਾਂ ਉਸ ਤੋਂ ਹੇਠਾਂ ਵਾਲੇ ਉਮੀਦਵਾਰ ਨੂੰ ਟਰੇਡ ਵਿੱਚ ਸੀਟ ਮਿਲ ਜਾਵੇਗੀ। ਲੇਟ ਆਉਣ ਦੀ ਸੂਰਤ ਵਿੱਚ ਸੀਟ ਸਬੰਧੀ, ਕਲੇਮ ਨਹੀ ਹੋਵੇਗਾ ਅਤੇ ਉਸ ਦੇ ਆਉਣ ਸਮੇਂ ਜਿਹੜੀ ਮੈਰਿਟ ਤੇ ਕੌਂਸਲਿੰਗ ਚਲ ਰਹੀ ਹੋਵੇਗੀ, ਤੇ ਵਿਚਾਰਿਆ ਜਾਵੇਗਾ।
8. ਉਮੀਦਵਾਰਾਂ ਨੂੰ ਇੰਟਰਵਿਊ ਤੇ ਹਾਜਰ ਹੋਣ ਲਈ ਕੋਈ ਟੀ.ਏ/ ਡੀ.ਏ ਨਹੀਂ ਦਿੱਤਾ ਜਾਵੇਗਾ।
9. ਸੰਸਥਾ ਮੁੱਖੀ ਵਲੋਂ ਟਰੇਡਾਂ ਦੀ ਮਾਨਤਾ (ਐਸ.ਸੀ.ਵੀ.ਟੀ ਜਾਂ ਐਨ.ਸੀ.ਵੀ.ਟੀ ਟਰੇਡਾਂ) ਦਾ ਵੇਰਵਾ ਸੰਸਥਾ ਦੇ ਨੋਟਿਸ ਬੋਰਡ ਉਪਰ ਡਿਸਪਲੇਅ ਕਰਵਾਇਆ ਜਾਵੇਗਾ।
10. ਇਸ ਸਕੀਮ ਦੀ ਵਧੇਰੇ ਜਾਣਕਾਰੀ ਡਾਇਰੈਕਟਰ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ, ਐਸ.ਸੀ.ਓ ਨੰ: 6-7, ਫੇਜ਼-1, ਐਸ.ਏ.ਐਸ. ਨਗਰ (ਮੋਹਾਲੀ) ਅਤੇ ਰਾਜ ਦੇ ਜ਼ਿਲਿਆ ਵਿੱਚ ਸਬੰਧਤ ਜਿਲ੍ਹਾ ਭਲਾਈ ਅਫਸਰ ਅਤੇ ਸਬੰਧਤ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾਵਾਂ ਦੇ ਮੁੱਖੀਆਂ ਤੋਂ ਪ੍ਰਾਪਤ ਕੀਤੀ ਜਾ ਸਕਦੀ ਹੈ। ਇਨ੍ਹਾਂ ਟਰੇਡਾਂ ਦੀ ਸਿਖਲਾਈ, ਸਮਾਜਿਕ ਨਿਆਂ ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ, ਪੰਜਾਬ ਵਲੋਂ ਸਪੌਂਸਰ ਕੀਤੀ ਜਾ ਰਹੀ ਹੈ।